# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 11-11-2025**

ਨਵੀਂ ਦਿੱਲੀ ਵਿਚ ਲਾਲ ਕਿਲ੍ਹੇ ਨੇੜੇ ਬੀਤੀ ਸ਼ਾਮ ਹੋਏ ਕਾਰ ਬੰਬ ਧਮਾਕੇ ਤੋਂ ਬਾਅਦ ਸਥਿਤੀ ਦਾ ਜਾਇਜ਼ਾ ਲੈਣ ਲਈ ਗ੍ਰਿਹ ਮੰਤਰੀ ਅਮਿਤ ਸ਼ਾਹ ਅੱਜ ਆਪਣੀ ਰਿਹਾਇਸ਼ 'ਤੇ ਇੱਕ ਉੱਚ ਪੱਧਰੀ ਸੁਰੱਖਿਆ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਨੇ। ਇਸ ਮੀਟਿੰਗ ਵਿੱਚ ਕੇਂਦਰੀ ਗ੍ਰਿਹ ਸਕੱਤਰ, ਖੁਫੀਆ ਬਿਊਰੋ ਦੇ ਡਾਇਰੈਕਟਰ, ਦਿੱਲੀ ਪੁਲਿਸ ਕਮਿਸ਼ਨਰ ਅਤੇ ਰਾਸ਼ਟਰੀ ਜਾਂਚ ਏਜੰਸੀ (ਐਨ.ਆਈ.ਏ.) ਦੇ ਡਾਇਰੈਕਟਰ ਜਨਰਲ ਸ਼ਾਮਲ ਹੋ ਰਹੇ ਨੇ। ਜੰਮੂ-ਕਸ਼ਮੀਰ ਦੇ ਪੁਲਿਸ ਡਾਇਰੈਕਟਰ ਜਨਰਲ ਵੀ ਵਰਚੁਅਲ ਤੌਰ 'ਤੇ ਮੀਟਿੰਗ ਵਿੱਚ ਸ਼ਾਮਲ ਹੋ ਰਹੇ ਨੇ। ਇਸ ਧਮਾਕੇ ਵਿੱਚ ਅੱਠ ਲੋਕ ਮਾਰੇ ਗਏ ਅਤੇ ਕਈ ਹੋਰ ਜ਼ਖਮੀ ਹੋ ਗਏ ਨੇ। ਸ਼੍ਰੀ ਸ਼ਾਹ ਨੇ ਕਿਹਾ ਕਿ ਦਿੱਲੀ ਪੁਲਿਸ, ਐਨ.ਆਈ.ਏ., ਐਨ.ਐਸ.ਜੀ. ਅਤੇ ਫੋਰੈਂਸਿਕ ਟੀਮਾਂ ਨੇ ਜਾਂਚ ਸ਼ੁਰੂ ਕਰ ਦਿੱਤੀ ਏ, ਅਤੇ ਧਮਾਕੇ ਦੇ ਸਹੀ ਵੇਰਵੇ ਜਲਦੀ ਹੀ ਪਤਾ ਲੱਗ ਜਾਣਗੇ।

---------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦਿੱਲੀ ਵਿੱਚ ਵਾਪਰੀ ਭਿਆਨਕ ਘਟਨਾ ਦੇ ਸਾਜ਼ਿਸਕਾਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਾਰੇ ਜ਼ਿੰਮੇਵਾਰ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ। ਪ੍ਰਧਾਨ ਮੰਤਰੀ ਜੋ ਭੂਟਾਨ ਦੇ ਦੌਰੇ 'ਤੇ ਨੇ, ਉਥੇ ਥਿੰਪੂ ਵਿਚ ਇਕ ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ, ਉਹ ਕੱਲ੍ਹ ਪੂਰੀ ਰਾਤ ਇਸ ਘਟਨਾ ਦੀ ਜਾਂਚ ਵਿੱਚ ਸ਼ਾਮਲ ਏਜੰਸੀਆਂ ਦੇ ਸੰਪਰਕ ਵਿੱਚ ਰਹੇ। ਉਨ੍ਹਾਂ ਭਰੋਸਾ ਦਿੱਤਾ ਕਿ ਏਜੰਸੀਆਂ ਇਸ ਸਾਜ਼ਿਸ਼ ਦੀ ਤਹਿ ਤੱਕ ਜਾਣਗੀਆਂ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਅੱਜ ਬਹੁਤ ਹੀ ਭਾਰੀ ਮਨ ਨਾਲ ਭੂਟਾਨ ਆਏ ਨੇ ਅਤੇ ਬੀਤੀ ਸ਼ਾਮ ਦਿੱਲੀ ਵਿੱਚ ਵਾਪਰੀ ਘਟਨਾ ਨੇ ਸਾਰਿਆਂ ਨੂੰ ਬਹੁਤ ਦੁਖੀ ਕੀਤਾ ਏ। ਸ੍ਰੀ ਮੋਦੀ ਨੇ ਕਿਹਾ ਕਿ ਉਹ ਪ੍ਰਭਾਵਿਤ ਪਰਿਵਾਰਾਂ ਦੇ ਦਰਦ ਨੂੰ ਸਮਝਦੇ ਨੇ ਅਤੇ ਪੂਰਾ ਦੇਸ਼ ਉਨ੍ਹਾਂ ਦੇ ਨਾਲ ਖੜ੍ਹਾ ਏ।

---------------------------------------------------

ਨਵੀਂ ਦਿੱਲੀ ਵਿੱਚ ਹੋਏ ਕਾਰ ਧਮਾਕੇ ਤੋਂ ਬਾਅਦ, ਪੰਜਾਬ ਵਿੱਚ ਵੀ ਰੈੱਡ ਅਲਰਟ ਜਾਰੀ ਕਰ ਦਿੱਤਾ ਗਿਆ ਏ। ਸੰਵੇਦਨਸ਼ੀਲ ਥਾਵਾਂ 'ਤੇ ਪੁਲਿਸ ਬਲ ਤਾਇਨਾਤ ਕੀਤੇ ਗਏ ਨੇ, ਅਤੇ ਵਾਹਨਾਂ ਅਤੇ ਸ਼ੱਕੀ ਵਿਅਕਤੀਆਂ

ਦੀ ਜਾਂਚ ਤੇਜ਼ ਕਰ ਦਿੱਤੀ ਗਈ ਏ। ਸੀਮਾ ਸੁਰੱਖਿਆ ਬਲ (ਬੀ.ਐਸ.ਐਫ.) ਪਹਿਲਾਂ ਹੀ ਹਾਈ ਅਲਰਟ 'ਤੇ ਏ।

-----------------------------------------------------

ਤਰਨਤਾਰਨ ਵਿਧਾਨ ਸਭਾ ਹਲਕੇ ਵਿਚ ਜ਼ਿਮਨੀ ਚੋਣ ਲਈ ਸਵੇਰੇ 7 ਵਜੇ ਪੋਲਿੰਗ ਸਟੇਸ਼ਨਾਂ ’ਤੇ ਵੋਟਿੰਗ ਦਾ ਕਾਰਜ ਅਮਨ ਅਮਾਨ ਨਾਲ ਆਰੰਭ ਹੋ ਗਿਆ ਏ। ਪੋਲਿੰਗ ਸ਼ੁਰੂ ਹੁੰਦਿਆਂ ਹੀ ਬੂਥਾਂ ’ਤੇ ਵੋਟਰ ਪੁੱਜਣ ਲੱਗੇ ਅਤੇ ਪੋਲਿੰਗ ਕੇਂਦਰਾਂ ਦੇ ਬਾਹਰ ਕਤਾਰਾਂ ਲੱਗਣ ਲੱਗੀਆਂ। 12 ਵਜੇ ਤੱਕ 25% ਤੱਕ ਵੋਟਿੰਗ ਹੋ ਚੁੱਕੀ ਸੀ। ਤਰਨ ਤਾਰਨ ਜ਼ਿਮਨੀ ਚੋਣ ਵਿੱਚ ਮੁੱਖ ਮੁਕਾਬਲਾ ਆਮ ਆਦਮੀ ਪਾਰਟੀ, ਭਾਰਤੀ ਜਨਤਾ ਪਾਰਟੀ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਵਾਰਿਸ ਪੰਜਾਬ ਦੇ ਪਾਰਟੀਆਂ ਵਿਚਕਾਰ ਮੰਨਿਆ ਜਾ ਰਿਹਾ ਏ ।

-----------------------------------------------------

ਪੰਜਾਬ ਦੇਸ਼ ਭਰ ਵਿੱਚ ਸੋਧੀ ਹੋਈ ਭਾਰਤ ਨੈੱਟ ਯੋਜਨਾ ਨੂੰ ਲਾਗੂ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਏ। ਇਸ ਨਾਲ ਸਰਹੱਦੀ ਸੂਬੇ ਦੀ ਦੇਸ਼ ਦੇ ਕਿਸੇ ਵੀ ਸਥਾਨ ਤੋਂ ਲਾਈਵ ਨਿਗਰਾਨੀ ਕੀਤੀ ਜਾ ਸਕਦੀ ਏ। ਇਹ ਯੋਜਨਾ ਲਾਗੂ ਕਰਨ ਲਈ ਪੁਰਸਕਾਰ ਪ੍ਰਾਪਤ ਕਰਦੇ ਹੋਏ, ਸੂਬੇ ਦੇ ਮੁੱਖ ਸਕੱਤਰ, ਕੇ.ਏ.ਪੀ. ਸਿਨਹਾ ਨੇ ਕਿਹਾ ਕਿ ਨਵੰਬਰ ਮਹੀਨੇ ਦੇ ਅੰਤ ਤੱਕ,

ਹਰੇਕ ਪਿੰਡ ਨੂੰ ਇਸ ਯੋਜਨਾ ਦੇ ਦਾਇਰੇ ਵਿੱਚ ਲਿਆਂਦਾ ਜਾਵੇਗਾ। ਉਨ੍ਹਾਂ ਨੇ ਬੀਤੇ ਕੱਲ੍ਹ ਬੀ.ਐਸ.ਐਨ.ਐਲ., ਪੰਜਾਬ ਸਰਕਲ ਦੇ ਸੀ.ਜੀ.ਐਮ. ਅਜੈ ਕੁਮਾਰ ਕਰਾਰਾ ਤੋਂ ਪੁਰਸਕਾਰ ਪ੍ਰਾਪਤ ਕੀਤਾ। ਜ਼ਿਕਰਯੋਗ ਏ ਕਿ, ਭਾਰਤ ਨੈੱਟ ਯੋਜਨਾ ਦਾ ਉਦੇਸ਼ ਘਰਾਂ ਅਤੇ ਸੰਸਥਾਵਾਂ ਤੋਂ ਇਲਾਵਾ ਦੇਸ਼ ਦੀਆਂ ਸਾਰੀਆਂ ਗ੍ਰਾਮ ਪੰਚਾਇਤਾਂ ਨੂੰ ਬ੍ਰਾਡਬੈਂਡ ਕਨੈਕਟੀਵਿਟੀ ਪ੍ਰਦਾਨ ਕਰਨਾ ਏ। ਇਹ ਪੇਂਡੂ ਖੇਤਰਾਂ ਵਿੱਚ ਈ-ਸਿਹਤ ਅਤੇ ਈ-ਗਵਰਨੈਂਸ ਸੇਵਾਵਾਂ ਪ੍ਰਦਾਨ ਕਰਨ ’ਤੇ ਵੀ ਵਿਚਾਰ ਕੀਤਾ ਜਾ ਰਿਹਾ ਏ ।

-------------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੇ ਹਿੱਸੇ ਵਜੋਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੂਬੇ ਭਰ ਦੇ ਸਾਰੇ ਸਰਕਾਰੀ, ਪ੍ਰਾਈਵੇਟ ਤੇ ਏਡਿਡ ਸਕੂਲਾਂ, ਭਾਵੇਂ ਉਹ ਕਿਸੇ ਵੀ ਸਿੱਖਿਆ ਬੋਰਡ ਨਾਲ ਸਬੰਧਤ ਹੋਣ, ਵਿੱਚ ਨਰਸਰੀ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਇੱਕ ਲਾਜ਼ਮੀ ਸਿੱਖਿਆ ਪ੍ਰੋਗਰਾਮ ਲਾਂਚ ਕੀਤਾ ਏ ਤਾਂ ਜੋ ਵਿਦਿਆਰਥੀਆਂ ਵਿੱਚ ਸੱਚਾਈ, ਹੱਕ, ਨਿਆਂ ਅਤੇ ਧਾਰਮਿਕ ਕਦਰਾਂ-ਕੀਮਤਾਂ ਪੈਦਾ ਕੀਤੀਆਂ ਜਾ ਸਕਣ। ਸਿੱਖਿਆ ਮੰਤਰੀ ਨੇ ਰੂਪਨਗਰ ਜ਼ਿਲ੍ਹੇ ਦੇ ਸਰਕਾਰੀ ਹਾਈ ਸਕੂਲ, ਦਸਗਰਾਂ ਅਤੇ ਮਾਊਂਟ ਕਾਰਮਲ

ਸਕੂਲ, ਜਿੰਦਵੜੀ ਵਿੱਚ ਜਾ ਕੇ ਨੌਵੇਂ ਪਾਤਸ਼ਾਹ ਦੀਆਂ ਸਿੱਖਿਆਵਾਂ, ਜੀਵਨ ਅਤੇ ਲਾਸਾਨੀ ਸ਼ਹਾਦਤ ਬਾਰੇ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਸਾਰੇ ਡਿਪਟੀ ਕਮਿਸ਼ਨਰਾਂ ਅਤੇ ਹੋਰ ਸੀਨੀਅਰ ਅਧਿਕਾਰੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਅਤੇ ਗੁਰੂ ਸਾਹਿਬ ਦੀ ਵਿਰਾਸਤ ਦੀ ਮਹੱਤਤਾ ਬਾਰੇ ਜਾਗਰੂਕ ਕਰਨ। ਮੰਤਰੀ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਸ.ਜੀ.ਪੀ.ਸੀ. ਦੀ ਪ੍ਰਵਾਨਗੀ ਨਾਲ ਇਹ ਸਿੱਖਿਆ ਪ੍ਰੋਗਰਾਮ ਤਿਆਰ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ 30 ਨਵੰਬਰ, 2025 ਤੱਕ ਚੱਲਣ ਵਾਲੇ ਇਸ ਸਿੱਖਿਆ ਪ੍ਰੋਗਰਾਮ ਤਹਿਤ ਸਵੇਰ ਦੀ ਸਭਾ ਵਿੱਚ 10-12 ਮਿੰਟ ਲਈ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਜੀਵਨ, ਸ਼ਹਾਦਤ, ਮਾਤਾ ਗੁਜਰੀ ਜੀ ਦੇ ਜੀਵਨ ਅਤੇ ਖਾਲਸਾ ਪੰਥ ਦੀ ਸਿਰਜਣਾ ਬਾਰੇ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

-----------------------------------------------------

ਸੀਮਾ ਸੁਰੱਖਿਆ ਬਲ (ਬੀ.ਐਸ.ਐਫ.) ਦੇ 60ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਇਕ ਮੋਟਰਸਾਈਕਲ ਰੈਲੀ ਜੰਮੂ ਤੋਂ ਚੱਲ ਕੇ ਬੀਤੀ ਦੇਰ ਰਾਤ ਹੁਸੈਨੀਵਾਲਾ ਬੀ.ਐਸ.ਐਫ. ਚੌਕੀ ਪੁੱਜੀ। ਸ਼ਹੀਦਾਂ ਦੀ ਧਰਤੀ ਫਿਰੋਜ਼ਪੁਰ ਵਿਖੇ ਅਧਿਕਾਰੀਆਂ, ਜਵਾਨਾਂ, ਨਾਗਰਿਕਾਂ, ਐਨ.ਸੀ.ਸੀ.

ਕੈਡੇਟਸ ਅਤੇ ਮੀਡੀਆ ਪ੍ਰਤੀਨਿਧੀਆਂ ਦੀ ਮੌਜੂਦਗੀ ਵਿੱਚ ਰੈਲੀ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਅੱਜ ਇਸ ਰੈਲੀ ਨੂੰ ਬੀ.ਐਸ.ਐਫ. ਦੇ ਸੁਰੱਖਿਆ ਅਧਿਕਾਰੀ ਮਹਿੰਦਰ ਪਾਲ ਵੱਲੋਂ ਫਾਜਿਲਕਾ, ਗੰਗਾ ਨਗਰ ਲਈ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਮਹਿੰਦਰ ਪਾਲ ਨੇ ਦੱਸਿਆ ਕਿ ਇਸ ਰੈਲੀ ਵਿੱਚ 60 ਬਾਈਕਰ ਜੰਮੂ ਤੋਂ ਗੁਜਰਾਤ ਦੇ ਭੁਜ ਤੱਕ ਲਗਭਗ 1 ਹਜ਼ਾਰ 742 ਕਿਲੋਮੀਟਰ ਦੀ ਯਾਤਰਾ ਕਰ ਰਹੇ ਨੇ। ਦੇਸ਼ ਵਾਸੀਆਂ ਵੱਲੋਂ ਇਸ ਯਾਤਰਾ ਦਾ ਨਿੱਘਾ ਸਵਾਗਤ ਕੀਤਾ ਜਾ ਰਿਹਾ ਏ। ਇਸ ਰੈਲੀ ਦਾ ਉਦੇਸ਼ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਨਾ, ਰਾਸ਼ਟਰੀ ਸੁਰੱਖਿਆ ਵਿੱਚ ਬੀ.ਐਸ.ਐਫ. ਦੇ ਸ਼ਾਨਦਾਰ ਯੋਗਦਾਨ ਨੂੰ ਉਜਾਗਰ ਕਰਨਾ ਅਤੇ ਨਸ਼ਾ ਮੁਕਤ ਭਾਰਤ ਦਾ ਸੰਦੇਸ਼ ਫੈਲਾਉਣਾ ਏ।

---------------------------------------------------